**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :17-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਫਰੀਦਾਬਾਦ ਵਿੱਚ, ਉੱਤਰੀ ਜ਼ੋਨਲ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ.

- ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਕੇਂਦਰੀ ਮੰਤਰਾਲਾ ਭਲਕੇ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ਮੌਕੇ ਸਮਾਗਮ ਕਰਾ ਰਿਹਾ ਏ ।

- ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਓਹਨਾਂ ਦੇ ਬਲਿਦਾਨ ਦਿਵਸ ‘ਤੇ ਨਮਨ ਕਰ ਰਿਹਾ ਏ.

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਸਿਵਲ ਹਸਪਤਾਲ ਵਿਖੇ ਸਫ਼ਾਈ ਅਭਿਆਨ ਵਿੱਚ ਹਿੱਸਾ ਲਿਆ।

- ਨਿਸ਼ਾਨੇਬਾਜ਼ੀ ਵਿੱਚ, ਓਲੰਪੀਅਨ ਗੁਰਪ੍ਰੀਤ ਸਿੰਘ ਨੇ ISSF ਰਾਈਫਲ / ਪਿਸਟਲ ਵਿਸ਼ਵ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਹਰਿਆਣਾ ਦੇ ਫਰੀਦਾਬਾਦ ਵਿੱਚ, ਉੱਤਰੀ ਜ਼ੋਨਲ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ. ਕੇਂਦਰ ਸਰਕਾਰ, ਸੂਬਾ ਸਰਕਾਰਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸੀਨੀਅਰ

ਅਧਿਕਾਰੀ ਨੇ ਇਸ ਵਿੱਚ ਹਿੱਸਾ ਲਿਆ. ਉੱਤਰੀ ਜ਼ੋਨਲ ਕੌਂਸਲ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਦਿੱਲੀ, ਜੰਮੂ-ਕਸ਼ਮੀਰ, ਲੱਦਾਖ ਅਤੇ ਚੰਡੀਗੜ੍ਹ ਸ਼ਾਮਲ ਨੇ। ਮੀਟਿੰਗ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ, ਸੈਣੀ, ਤੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ, ਸਮੇਤ ਹੋਰਨਾਂ ਸੂਬਿਆਂ ਦੇ ਮੁਖ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਨੇ ਹਿੱਸਾ ਲਿਆ । ਮੀਟਿੰਗ ਦੌਰਾਨ, ਦਿੱਲੀ ਲਾਲ ਕਿਲ੍ਹੇ ਵਿਖੇ ਹੋਏ ਧਮਾਕੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਮਿੰਟ ਦਾ ਮੌਨ ਰੱਖਿਆ ਗਿਆ। ਮੀਟਿੰਗ ਵਿੱਚ, ਸੂਬਾ ਸਰਕਾਰਾਂ ਵਿਚਕਾਰ ਤਾਲਮੇਲ, ਪਾਣੀ ਦੀ ਵੰਡ ਦੇ ਮੁੱਦਿਆਂ ਅਤੇ ਵਿਕਾਸ ਕਾਰਜਾਂ ਬਾਰੇ ਚਰਚਾ ਕੀਤੀ ਗਈ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ TEAM BHARAT ਦਾ ਦ੍ਰਿਸ਼ਟੀਕੋਣ ਦਿੱਤਾ ਏ ਅਤੇ ਜ਼ੋਨਲ ਕੌਂਸਲਾਂ ਇਸ ਵਿਸ਼ਵਾਸ ਦੇ ਨਾਲ ਇਸ ਦਿਸ਼ਾ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਨੇ ਕਿ ਮਜ਼ਬੂਤ ਰਾਜ ਮਜ਼ਬੂਤ ਦੇਸ਼ ਬਣਾਉਂਦੇ ਨੇ । ਪਿਛਲੇ 11 ਸਾਲਾਂ ‘ਚ

ਵਖ – ਵਖ ਜ਼ੋਨਲ ਕੌਂਸਲਾਂ ਅਤੇ ਓਹਨਾਂ ਦੀਆਂ ਸਥਾਈ ਕਮੇਟੀਆਂ ਦੀਆਂ ਕੁਲ 63 ਬੈਠਕਾਂ ਹੋਈਆਂ ਨੇ.

-----------------------------------------------------------

ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਕੇਂਦਰੀ ਮੰਤਰਾਲਾ ਭਲਕੇ, 18 ਨਵੰਬਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ਦਾ ਜਸ਼ਨ ਮਨਾਉਣ ਲਈ ਇੱਕ ਵਿਸ਼ਾਲ ਸਮਾਪਤੀ ਸਮਾਗਮ ਕਰਾ ਰਿਹਾ ਏ । ਇਸ ਸਮਾਗਮ ਵਿੱਚ ਲਗਭਗ 7 ਹਜ਼ਾਰ ਤੋਂ ਵਧ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਏ । ਇਸ ਸਮਾਗਮ ਦੀ ਅਗਵਾਈ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਅਤੇ ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਮੰਤਰੀ ਡਾ. ਵਰਿੰਦਰ ਕੁਮਾਰ ਕਰਨਗੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੀ ਇਸ ਸਮਾਗਮ ਦਾ ਹਿੱਸਾ ਬਣਨ ਵਾਲੇ ਨੇ. ਇਸਦਾ ਉਦੇਸ਼ ਵੱਡੇ ਪੱਧਰ 'ਤੇ ਨੌਜਵਾਨਾਂ ਅਤੇ ਨਾਗਰਿਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ, ਮੁੱਲ-ਅਧਾਰਤ ਜੀਵਨ ਜਾਚ ਨੂੰ ਅਪਣਾਉਣ

ਲਈ ਪ੍ਰੇਰਿਤ ਕਰਨਾ ਏ। ਇਹ ਸਮਾਗਮ, ਮੁਹਿੰਮ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰੇਗਾ, ਭਾਈਚਾਰਕ ਹਿੱਸੇਦਾਰੀ ਜੁਟਾਏਗਾ, ਅਤੇ ਨਸ਼ਾ-ਮੁਕਤ ਸਮਾਜ ਦੇ ਨਿਰਮਾਣ ਲਈ ਸਮੂਹਿਕ ਕੋਸ਼ਿਸ਼ਾਂ ਨੂੰ ਮਜ਼ਬੂਤ ਕਰੇਗਾ। ਨਸ਼ਾ ਮੁਕਤ ਭਾਰਤ ਅਭਿਆਨ 15 ਅਗਸਤ, 2020 ਨੂੰ ਰੋਕਥਾਮ, ਇਲਾਜ ਅਤੇ ਮੁੜ੍ਹਵਸੇਬੇ ਨਾਲ ਜੁੜੀ ਤਿੰਨ-ਪੱਖੀ ਰਣਨੀਤੀ ਰਾਹੀਂ ਨਸ਼ਿਆਂ ਦੀ ਦੁਰਵਰਤੋਂ ਦੇ ਮੁੱਦੇ ਨੂੰ ਹੱਲ ਕਰਨ ਲਈ ਸ਼ੁਰੂ ਕੀਤਾ ਗਿਆ ਸੀ।

-----------------------------------------------------------------

ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ,ਤੇ ਪੰਜਾਬ ਕੇਸਰੀ ਦੇ ਨਾਂ ਨਾਲ ਸਤਿਕਾਰੇ ਜਾਂਦੇ, ਲਾਲਾ ਲਾਜਪਤ ਰਾਏ ਨੂੰ ਓਹਨਾਂ ਦੇ ਬਲਿਦਾਨ ਦਿਵਸ ‘ਤੇ ਨਮਨ ਕਰ ਰਿਹਾ ਏ. ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੇ ਬਲਿਦਾਨ ਦਿਵਸ 'ਤੇ ਸ਼ਰਧਾਂਜਲੀ ਭੇਂਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਸ਼ਾਹ ਨੇ ਆਜ਼ਾਦੀ ਅੰਦੋਲਨ ਵਿੱਚ ਲਾਲਾ ਲਾਜਪਤ ਰਾਏ ਦੇ ਇਨਕਲਾਬੀ ਵਿਚਾਰਾਂ ਅਤੇ ਓਹਨਾਂ ਵਲੋਂ ਗਰੀਬਾਂ, ਕਿਸਾਨਾਂ ਅਤੇ ਨੌਜਵਾਨਾਂ ਨੂੰ ਹਥਿਆਰਬੰਦ

ਇਨਕਲਾਬ ਕਰਨ ਲਈ ਪ੍ਰੇਰਿਤ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਯਾਦ ਕੀਤਾ। ਸ਼੍ਰੀ ਸ਼ਾਹ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਨੇ ਆਜ਼ਾਦੀ ਸੰਘਰਸ਼ ਦੇ ਖਿੰਡੇ ਹੋਏ ਧਾਗਿਆਂ ਨੂੰ ਇੱਕਜੁੱਟ ਕੀਤਾ ਅਤੇ ਉਨ੍ਹਾਂ ਨੂੰ ਆਜ਼ਾਦੀ ਦੀ ਇੱਕ ਮਹਾਨ ਲਾਟ ਵਿੱਚ ਬਦਲ ਦਿੱਤਾ। ਉਨ੍ਹਾਂ ਨੇ ਬਰਤਾਨਵੀ ਸ਼ੋਸ਼ਣ ਅਤੇ ਜ਼ੁਲਮ ਵਿਰੁੱਧ ਲੜਾਈ ਵਿੱਚ ਲਾਲਾ ਲਾਜਪਤ ਰਾਏ ਦੀ ਭੂਮਿਕਾ 'ਤੇ ਵੀ ਜ਼ੋਰ ਦਿੱਤਾ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਲਾਲਾ ਲਾਜਪਤ ਰਾਏ ਦੇ ਬਲਿਦਾਨ ਦਿਵਸ ‘ਤੇ ਓਹਨਾਂ ਨੂੰ ਨਮਨ ਕੀਤਾ ਏ. ਇੱਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮਾਨ ਨੇ ਕਿਹਾ ਏ ਕਿ ਲਾਲਾ ਲਾਜਪਤ ਰਾਏ ਨੇ ਆਜ਼ਾਦੀ ਦੀ ਲਹਿਰ ਦੌਰਾਨ ਵਿਦੇਸ਼ੀ ਸ਼ਾਸਨ ਵਿਰੁੱਧ ਲੜਦੇ ਹੋਏ ਆਪਣੀ ਜਾਨ ਕੁਰਬਾਨ ਕਰ ਦਿੱਤੀ। ਸ਼੍ਰੀ ਮਾਨ ਨੇ ਕਿਹਾ ਕਿ ਮਾਤ ਭੂਮੀ ਪ੍ਰਤੀ ਉਹਨਾਂ ਦੇ ਸਮਰਪਣ ਅਤੇ ਸੇਵਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਡੇਂਗੂ ਦੀ ਰੋਕਥਾਮ ਅਤੇ ਸਿਹਤ ਤੇ ਸਫਾਈ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼

ਨਾਲ, ਅੱਜ ਫਰੀਦਕੋਟ ਵਿੱਚ ਕੋਟਕਪੂਰਾ ਸਿਵਲ ਹਸਪਤਾਲ ਵਿਖੇ ਸਫ਼ਾਈ ਅਭਿਆਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਉਨ੍ਹਾਂ ਨੇ ਲੋਕਾਂ ਨੂੰ ਸਨੇਹਾ ਦਿੱਤਾ ਕਿ ਸਫਾਈ ਹੀ ਹਰ ਬੀਮਾਰੀ  ਦਾ ਸਭ ਤੋਂ ਪਹਿਲਾ ਤੇ ਪ੍ਰਭਾਵਸ਼ਾਲੀ ਇਲਾਜ ਏ। ਸ਼੍ਰੀ ਸੰਧਵਾਂ ਨੇ ਕਿਹਾ ਕਿ ਸਫ਼ਾਈ ਰੱਖਣ ਨਾਲ ਨਾ ਸਿਰਫ਼ ਡੇਂਗੂ ਬਲਕਿ ਹੋਰ ਬੀਮਾਰੀਆਂ  ਤੋਂ ਵੀ ਬਚਾਅ ਕੀਤਾ ਜਾ ਸਕਦਾ ਏ। ਸ਼੍ਰੀ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਏ ਕਿ ਉਨ੍ਹਾਂ ਦੇ ਹਲਕੇ ਦੇ ਲੋਕ ਸਫ਼ਾਈ ਨੂੰ ਅਹਿਮੀਅਤ ਦਿੰਦੇ ਨੇ। ਪਹਿਲਾਂ, ਸ਼੍ਰੀ ਸੰਧਵਾਂ ਨੇ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਤਹਿਤ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ, ਉਹਨਾਂ ਦੀਆਂ ਸ਼ਿਕਾਇਤਾਂ ਅਤੇ ਮੰਗਾਂ ਦਾ ਜਾਇਜ਼ਾ ਲਿਆ। ਇਸ ਮੌਕੇ ਲੋਕਾਂ ਨੇ ਬਿਜਲੀ, ਸਫਾਈ, ਵਿਕਾਸ ਕਾਰਜਾਂ ਦੀ ਗਤੀ ਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਸਬੰਧੀ ਆਪਣੇ ਮੁੱਦੇ ਰੱਖੇ। ਸ਼੍ਰੀ ਸੰਧਵਾਂ ਨੇ ਮੌਕੇ 'ਤੇ ਹੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਲਈ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਲੋਕ ਮਿਲਣੀ ਦਾ ਮਕਸਦ, ਲੋਕਾਂ ਨੂੰ ਸਿਧ ਮੰਚ ਪ੍ਰਦਾਨ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਨਾ ਏ।

---------------------------------------------------

ਪੰਜਾਬ ਦੇ ਸਿਹਤ ਮੰਤਰੀ ਬਲਵੀਰ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ, ਅੱਜ ਸ੍ਰੀ ਅਨੰਦਪੁਰ ਸਾਹਿਬ ਸਿਵਲ ਹਸਪਤਾਲ ਦਾ ਦੌਰਾ ਕੀਤਾ। ਸਹਿਤ ਮੰਤਰੀ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਦੇਸ਼-ਵਿਦੇਸ਼ ਤੋਂ ਆ ਰਹੀਆਂ ਲੱਖਾਂ ਸੰਗਤ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ, ਹਸਪਤਾਲ ਵਿੱਚ ਵਿਸ਼ਾਲ ਮੈਡੀਕਲ ਸੈਟ-ਅਪ ਤਿਆਰ ਕੀਤਾ ਗਿਆ ਏ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਵਲ ਹਸਪਤਾਲ ਵਿੱਚ C.C.U ਯੂਨਿਟ ਵਧੀਆ ਸਹੂਲਤਾਂ ਨਾਲ ਚਾਲੂ ਕੀਤਾ ਗਿਆ ਏ, ਜਿਸ ਵਿੱਚ ਵੈਂਟੀਲੇਟਰ, ਆਕਸੀਜ਼ਨ ਦੀ ਸਪਲਾਈ ਅਤੇ ਪੂਰਾ ਬੈਕਅਪ ਮੁਹੱਇਆ ਏ। ਇਸ ਤੋਂ ਇਲਾਵਾ ਬਲੱਡ ਪ੍ਰੈਸ਼ਰ ਟੈਸਟ, ਸ਼ੂਗਰ, ਅਤੇ ਹੋਰ ਸਿਹਤ ਸਹੂਲਤਾਂ 24 ਘੰਟੇ ਉਪਲੱਬਧ ਰਹਿਣਗੀਆਂ।

---------------------------------------------------

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਤੋਂ ਗੁਰੂ ਸਾਹਿਬ ਦੇ ਜਨਮ ਸਥਾਨ, ਗੁਰਦੁਆਰਾ ਗੁਰੂ ਕਾ ਮਹਿਲ ਅੰਮ੍ਰਿਤਸਰ ਤੱਕ ਕੱਢੀ ਜਾ ਰਹੀ ਸਾਇਕਲ ਯਾਤਰਾ, ਅੱਜ ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੀ। ਸਾਈਕਲ ਯਾਤਰਾ ਦਾ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਹ ਸਾਇਕਲ ਯਾਤਰਾ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਦੀ ਅਗਵਾਈ ਵਿੱਚ ਕੱਢੀ ਜਾ ਰਹੀ ਏ।

---------------------------------------------------------------

ਲੁਧਿਆਣਾ ਦੀ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਨੇ ਪੰਜਾਬ ਵਿੱਚ ਬੱਕਰੀ ਦੇ ਦੁੱਧ ਵਾਲੇ ਪਨੀਰ ਦੇ ਵਿਕਾਸ ਅਤੇ ਪ੍ਰਚਾਰ ਲਈ, Green Pockets Private Limited ਨਾਲ ਇੱਕ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਨੇ। ਇਸ ਸਮਝੌਤੇ 'ਤੇ Green Pockets Private Limited ਦੇ ਮੁੱਖ ਕਾਰਜਕਾਰੀ ਅਧਿਕਾਰੀ

ਭੁਪਿੰਦਰ ਸਿੰਘ ਬਰਾੜ ਅਤੇ ਵੈਟਨਰੀ ਯੂਨੀਵਰਸਿਟੀ ਦੇ ਖੋਜ ਨਿਰਦੇਸ਼ਕ, ਡਾ. ਪਰਕਾਸ਼ ਸਿੰਘ ਬਰਾੜ ਨੇ ਦਸਤਖ਼ਤ ਕੀਤੇ। ਇਸ ਮੌਕੇ ਵਾਈਸ ਚਾਂਸਲਰ, ਡਾ. J. P. S. ਗਿੱਲ ਸਮੇਤ ਯੂਨੀਵਰਸਿਟੀ ਦੇ ਕਈ ਅਧਿਕਾਰੀ ਮੌਜੂਦ ਸਨ। ਇਸ ਸਮਝੌਤੇ ਤਹਿਤ, ਯੂਨੀਵਰਸਿਟੀ ਆਪਣੇ College of Dairy & Food Science Technology ਰਾਹੀਂ ਤਕਨੀਕੀ ਜਾਣਕਾਰੀ, ਹੱਥੀਂ ਸਿਖਲਾਈ, ਸਲਾਹ-ਮਸ਼ਵਰਾ ਅਤੇ ਇੱਕ ਸਾਲ ਦੀ incubation ਸਹਾਇਤਾ ਪ੍ਰਦਾਨ ਕਰੇਗੀ। ਇਸ ਸਹਿਯੋਗ ਦਾ ਉਦੇਸ਼ ਪਨੀਰ ਬਣਾਉਣ ਨੂੰ ਉਤਸ਼ਾਹਿਤ ਕਰਨਾ ਅਤੇ ਬੱਕਰੀ ਦੇ ਦੁੱਧ ਦੀ ਪ੍ਰਾਸੈਸਿੰਗ ਵਿੱਚ ਉੱਦਮਤਾ ਨੂੰ ਹੁਲਾਰਾ ਦੇਣਾ ਏ।

---------------------------------------------------------------

ਬਠਿੰਡਾ ਦੇ ਸਵੀਪ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ, ਕੰਚਨ ਸਿੰਗਲਾ ਅਤੇ ਚੋਣ ਤਹਿਸੀਲਦਾਰ ਹਰਜਿੰਦਰ ਕੌਰ ਦੀ ਅਗਵਾਈ ਹੇਠ, ਜ਼ਿਲ੍ਹੇ ਦੇ ਵੱਖ-ਵੱਖ ਸਿੱਖਿਆ ਸੰਸਥਾਵਾਂ ਵਿੱਚ SVEEP ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ, ਸਹਾਇਕ ਸਵੀਪ ਨੋਡਲ ਅਧਿਕਾਰੀ, ਸੁਭਾਸ਼ ਚੰਦ ਅਤੇ ਉਨ੍ਹਾਂ ਦੀ ਟੀਮ ਵੱਲੋਂ ਜ਼ਿਲ੍ਹੇ ਦੇ

ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਨਵੇਂ ਵੋਟਰ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਹੈਲਪਲਾਇਨ ਐਪ ਬਾਰੇ ਸਿਖਲਾਈ ਦਿੱਤੀ ਗਈ, ਜਿਸ ਰਾਹੀਂ ਵੱਖ-ਵੱਖ ਸੇਵਾਵਾਂ ਦੀ ਜਾਣਕਾਰੀ ਅਤੇ ਸੁਵਿਧਾ ਲੈ ਸਕਣ।

---------------------------------------------------------------

ਨਿਸ਼ਾਨੇਬਾਜ਼ੀ ਵਿੱਚ, ਓਲੰਪੀਅਨ ਗੁਰਪ੍ਰੀਤ ਸਿੰਘ ਨੇ ਮਿਸਰ ਦੇ ਕਾਹਿਰਾ ਵਿੱਚ ISSF ਰਾਈਫਲ / ਪਿਸਟਲ ਵਿਸ਼ਵ ਚੈਂਪੀਅਨਸ਼ਿਪ ਵਿੱਚ ਮਰਦਾਂ ਦੇ 25 ਮੀਟਰ ਸੈਂਟਰ ਪਿਸਟਲ ਫਾਇਰ event ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਗੁਰਪ੍ਰੀਤ ਨੂੰ ਯੂਕਰੇਨ ਦੇ ਪਾਵਲੋ ਕੋਰੋਸਟਾਈਲੋਵ ਤੋਂ 10 ਸਕਿੰਟਾਂ ਨਾਲ ਹਾਰਨ ਤੋਂ ਬਾਅਦ ਚਾਂਦੀ ਦੇ ਤਮਗੇ ਨਾਲ ਸਬਰ ਕਰਨਾ ਪਿਆ। ਇਹ, ਵਿਸ਼ਵ ਚੈਂਪੀਅਨਸ਼ਿਪ ਵਿੱਚ, ਗੁਰਪ੍ਰੀਤ ਦਾ ਦੂਜਾ ਵਿਅਕਤੀਗਤ ਤਮਗਾ ਸੀ. ਪਹਿਲਾ ਤਮਗਾ 2018 ਵਿੱਚ ਚਾਂਗਵੋਨ ਵਿੱਚ 25 ਮੀਟਰ ਸਟੈਂਡਰਡ ਪਿਸਟਲ ਮੁਕਾਬਲੇ ਵਿੱਚ ਜਿੱਤਿਆ ਚਾਂਦੀ ਦਾ ਤਗਮਾ ਸੀ। ਭਾਰਤ ਨੇ ਆਪਣੀ ਵਿਸ਼ਵ ਚੈਂਪੀਅਨਸ਼ਿਪ ਮੁਹਿੰਮ ਦਾ

ਅੰਤ, ਚੀਨ ਅਤੇ ਕੋਰੀਆ ਤੋਂ ਪਿੱਛੇ ਰਹਿ ਕੇ, ਕੁੱਲ 13 ਤਗਮਿਆਂ ਨਾਲ, ਤੀਜੇ ਸਥਾਨ 'ਤੇ ਕੀਤਾ ।

-----------------------------------------------------------

ਪੰਜਾਬ ਵਿੱਚ ਸੋਫਟ ਹਾਕੀ ਨੂੰ ਹੁਲਾਰਾ ਦੇਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ, Amateur Soft Hockey Federation of India ਨੇ ਰਾਧਿਕਾ ਚੁੱਗ ਨੂੰ ਪੰਜਾਬ ਦੇ ਰਾਜ ਪ੍ਰਧਾਨ ਬਣਾਉਣ ਦਾ ਐਲਾਨ ਕੀਤਾ ਏ। ਬੀਜੇਪੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਗ ਦੇ ਧਰਮ ਪਤਨੀ ਰਾਧਿਕਾ ਚੁੱਗ ਨੇ ਅਹੁਦੇ ਦੀ ਜਿੰਮੇਵਾਰੀ ਸੰਭਾਲਦਿਆਂ ਕਿਹਾ ਕਿ, ਸੋਫਟ ਹਾਕੀ ਦੇ ਰੂਪ ਵਿੱਚ, ਪੰਜਾਬ ਲਈ ਖੇਡ ਦੇ ਇੱਕ ਨਵੇਂ ਸਫਰ ਦੀ ਸ਼ੁਰੂਆਤ ਹੋ ਰਹੀ ਏ। ਰਾਧਿਕਾ ਚੁੱਗ ਨੇ ਕਿਹਾ ਕਿ ਕੁੜੀਆਂ ਅਤੇ ਮੁੰਡੇ ਦੋਵੇਂ ਹੀ ਇਸ ਖੇਡ ਵਿੱਚ ਹਿੱਸਾ ਲੈ ਸਕਦੇ ਨੇ ਅਤੇ ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਸੋਫਟ ਹਾਕੀ ਦੀ ਟੀਮ ਤਿਆਰ ਕੀਤੀ ਜਾਵੇ। ਇਸ ਮੌਕੇ ਸੋਫਟ ਹਾਕੀ ਫੈਡਰੇਸ਼ਨ ਆਫ ਇੰਡੀਆ ਦੇ ਜਨਰਲ ਸਕੱਤਰ ਰਮੇਸ਼ ਸਿੰਘ ਨੇ ਵੀ ਖੇਡ ਬਾਰੇ ਜਾਣਕਾਰੀ ਸਾਂਝੀ ਕੀਤੀ।

----------------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਫਰੀਦਾਬਾਦ ਵਿੱਚ, ਉੱਤਰੀ ਜ਼ੋਨਲ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ.

- ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਕੇਂਦਰੀ ਮੰਤਰਾਲਾ ਭਲਕੇ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ਮੌਕੇ ਸਮਾਗਮ ਕਰਾ ਰਿਹਾ ਏ।

- ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਓਹਨਾਂ ਦੇ ਬਲਿਦਾਨ ਦਿਵਸ ‘ਤੇ ਨਮਨ ਕਰ ਰਿਹਾ ਏ.

- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਸਿਵਲ ਹਸਪਤਾਲ ਵਿਖੇ ਸਫ਼ਾਈ ਅਭਿਆਨ ਵਿੱਚ ਹਿੱਸਾ ਲਿਆ।

- ਨਿਸ਼ਾਨੇਬਾਜ਼ੀ ਵਿੱਚ, ਓਲੰਪੀਅਨ ਗੁਰਪ੍ਰੀਤ ਸਿੰਘ ਨੇ ISSF ਰਾਈਫਲ / ਪਿਸਟਲ ਵਿਸ਼ਵ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ ਕੇ 30 ਮਿੰਟ 'ਤੇ**

**ਨਮਸਕਾਰ !**